ਸਾਰਗ ਮਹਲਾ ੫ ॥ ਬਿਰਾਜਿਤ ਰਾਮ ਕੋ ਪਰਤਾਪ ॥ ਆਧਿ ਬਿਆਧਿ ਉਪਾਧਿ ਸਭ ਨਾਸੀ ਬਿਨਸੇ ਤੀਨੈ ਤਾਪ ॥੧॥ ਰਹਾਉ ॥ ਤ੍ਰਿਸਨਾ ਬੁਝੀ ਪੂਰਨ ਸਭ ਆਸਾ ਚੂਕੇ ਸੋਗ ਸੰਤਾਪ ॥ ਗੁਣ ਗਾਵਤ ਅਚੁਤ ਅਬਿਨਾਸੀ ਮਨ ਤਨ ਆਤਮ ਧ੍ਰਾਪ ॥੧॥ ਕਾਮ ਕ੍ਰੋਧ ਲੋਭ ਮਦ ਮਤਸਰ ਸਾਧੂ ਕੈ ਸੰਗਿ ਖਾਪ ॥ ਭਗਤਿ ਵਛਲ ਭੈ ਕਾਟਨਹਾਰੇ ਨਾਨਕ ਕੇ ਮਾਈ ਬਾਪ ॥੨॥੭੭॥੧੦੦॥ {ਪੰਨਾ 1223}

ਪਦਅਰਥ:- ਬਿਰਾਜਿਤ—ਟਿਕਿਆ ਹੋਇਆ। ਕੋ—ਦਾ। ਪਰਤਾਪ—ਬਲ। ਆਧਿ—ਮਾਨਸਕ ਰੋਗ। ਬਿਆਧਿ—ਸਰੀਰਕ ਰੋਗ। ਉਪਾਧਿ—ਝਗੜੇ-ਬਖੇੜੇ। ਤੀਨੈ—ਇਹ ਤਿੰਨੇ ਹੀ।1। ਰਹਾਉ।

ਸੋਗ—ਗ਼ਮ। ਸੰਤਾਪ—ਕਲੇਸ਼। ਅਚੁਤ—ਅੱਚੁਤ, {ਅ-ਚ੍ਯੁਤ—ਨਾਹ ਨਾਸ ਹੋਣ ਵਾਲਾ} ਅਬਿਨਾਸ਼ੀ। ਆਤਮ—ਜਿੰਦ। ਧ੍ਰਾਪ—ਰੱਜ ਜਾਂਦੇ ਹਨ।1।

ਮਦ—ਨਸ਼ਾ, ਮਸਤੀ। ਮਤਸਰ—ਈਰਖਾ। ਕੈ ਸੰਗਿ—ਦੀ ਸੰਗਤਿ ਵਿਚ (ਰੱਖ ਕੇ)। ਖਾਪ—ਨਾਸ ਕਰ। ਭੈ—ਡਰ {ਲਫ਼ਜ਼ 'ਭਉ' ਤੋਂ ਬਹੁ-ਵਚਨ}।2।

ਅਰਥ:- ਹੇ ਭਾਈ! (ਜਿਸ ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੇ ਨਾਮ ਦਾ ਬਲ ਆ ਟਿਕਦਾ ਹੈ, ਉਸ ਦੇ ਅੰਦਰੋਂ ਆਧੀ ਬਿਆਧੀ ਉਪਾਧੀ—ਇਹ ਤਿੰਨੇ ਹੀ ਤਾਪ ਬਿਲਕੁਲ ਮੁੱਕ ਜਾਂਦੇ ਹਨ।1। ਰਹਾਉ।

ਹੇ ਭਾਈ! (ਜਿਸ ਮਨੁੱਖ ਦੇ ਅੰਦਰ ਹਰਿ-ਨਾਮ ਦਾ ਬਲ ਹੈ, ਉਸ ਦੀ) ਤ੍ਰਿਸ਼ਨਾ ਮਿਟ ਜਾਂਦੀ ਹੈ, ਉਸ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ, ਉਸ ਦੇ ਅੰਦਰੋਂ ਗ਼ਮ ਕਲੇਸ਼ ਮੁੱਕ ਜਾਂਦੇ ਹਨ। ਅਬਿਨਾਸ਼ੀ ਅਤੇ ਨਾਸ-ਰਹਿਤ ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ ਉਸ ਦਾ ਮਨ ਉਸ ਦਾ ਤਨ ਉਸ ਦੀ ਜਿੰਦ (ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ।1।

ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਸਾਰੇ ਡਰ ਦੂਰ ਕਰਨ ਵਾਲੇ! ਹੇ ਨਾਨਕ ਦੇ ਮਾਂ-ਪਿਉ (ਵਾਂਗ ਪਾਲਣਾ ਕਰਨ ਵਾਲੇ)! ਮੈਨੂੰ ਸਾਧ ਸੰਗਤਿ ਵਿਚ ਰੱਖ ਕੇ (ਮੇਰੇ ਅੰਦਰੋਂ) ਕਾਮ ਕ੍ਰੋਧ ਲੋਭ ਹਉਮੈ ਅਤੇ ਈਰਖਾ (ਆਦਿਕ ਵਿਕਾਰ) ਨਾਸ ਕਰ।2। 77। 100।